Punjab Government Gazette

Published by Authority

No.34] CHANDIGARH, FRIDAY, AUGUST 22, 2025 (SRAVANA 31, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ

ਇਮਾਰਤਾਂ ਤੇ ਸੜਕਾਂ-1 ਸ਼ਾਖਾ

ਅਧਿਸੂਚਨਾ

ਮਿਤੀ 29 ਫਰਵਰੀ, 2024

ਨੰ: PWD-BR105/8/2024-1BR1/793771.- ਲੋਕ ਨਿਰਮਾਣ ਵਿਭਾਗ (ਭ ਤੇ ਮ) ਵਿਚ ਸੇਵਾ ਨਿਭਾਅ ਰਹੇ ਹੇਠ ਦਰਸਾਏ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ, ਜਿਲਦ-1 ਦੇ ਭਾਗ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਦਰਜ ਉਪਬੰਧਾਂ ਅਧੀਨ ਮਿਤੀ 29.02.2024 ਨੂੰ (ਬਾਅਦ ਦੁਪਹਿਰ) ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ:-

ਅਧਿਕਾਰੀ ਦਾ ਨਾਮ ਸਰਵ ਸ਼੍ਰੀ	ਰਿਟਾਇਰਮੈਂਟ ਦੀ ਮਿਤੀ	ਵਿਸ਼ੇਸ਼ ਕਥਨ
ਗੁਰਮੁੱਖ ਸਿੰਘ, ਮੁੱਖ ਇੰਜੀਨੀਅਰ	29.02.2024	58 ਸਾਲ ਦੀ ਸੇਵਾ ਪੂਰੀ ਹੋਣ ਉਪਰੰਤ

2. ਅਧਿਕਾਰੀ ਵਿਰੁੱਧ ਮੌਜੂਦਾ ਚੱਲ ਰਹੇ ਅਤੇ ਭਵਿੱਖ ਵਿਚ ਕੋਈ ਵਿਭਾਗੀ/ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਜੇਕਰ ਲੰਬਿਤ ਹੋਵੇ ਤਾਂ ਰਿਟਾਇਰਮੈਂਟ ਦੇ ਇਨ੍ਹਾਂ ਹੁਕਮਾਂ ਦਾ ਉਸ ਤੇ ਕੋਈ ਅਸਰ ਨਹੀਂ ਹੋਵੇਗਾ ਅਤੇ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਦੇ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਅਧਿਕਾਰੀ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸ ਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

3. ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਚੱਲ ਰਹੇ ਸਿਵਲ ਰਿੱਟ ਪਟੀਸ਼ਟ ਨੰ: 11958 ਆਫ 2020 ਤੇ ਰਿਟਾਇਰਮੈਂਟ ਦੇ ਇਨ੍ਹਾਂ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ। ਇਸ ਕੇਸ ਵਿਚ ਹੋਣ ਵਾਲੇ ਫੈਸਲੇ ਦੇ ਸਨਮੁੱਖ ਲੋੜੀਂਦੀ ਕਾਰਵਾਈ ਕਰਨ ਦਾ ਸਰਕਾਰ ਦਾ ਹੱਕ ਰਾਖਵਾਂ ਹੋਵੇਗਾ।

4. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਪ੍ਰਿਯਾਂਕ ਭਾਰਤੀ, ਆਈ.ਏ.ਐਸ
ਸਕੱਤਰ, ਪੰਜਾਬ ਸਰਕਾਰ
ਲੋਕ ਨਿਰਮਾਣ ਵਿਭਾਗ(ਭ ਤੇ ਮ)।

ਚੰਡੀਗੜ੍ਹ
ਮਿਤੀ 22 ਫਰਵਰੀ, 2024

3482/8-2025/Pb.Govt.Press, S.A.S. Nagar